## ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ

ਹੁਕਮ ਨੰ: 10/29-2011 ਅ 3(4) ਕੋ:ਸੈ:4
ਮਿਤੀ, ਐਸ.ਏ.ਐਸ.ਨਗਰ :-23.11.15

ਸ਼੍ਰੀ ਗੁਰਪ੍ਰੀਤ ਸਿੰਘ, ਸਾਇੰਸ ਮਾਸਟਰ, ਸਸਸਸ ਗੰਡੀਵਿੰਡ, ਜ਼ਿਲ੍ਹਾ ਤਰਨ ਤਾਰਨ , ਜੋ ਮਿਤੀ 16-04-2010 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲਿਆ ਆ ਰਿਹਾ ਹੈ, ਨੂੰ ਇਸ ਦਫਤਰ ਦੇ ਹੁਕਮ ਨੰ: 10/29-11 ਅ3(4) ਮਿਤੀ 16.05.11/02.06.11 ਰਾਹੀਂ ਪੰਜਾਬ ਸਿਵਲ ਸੇਵਾਵਾਂ (ਸਜ਼ਾ ਅਤੇ ਅਪੀਲ) ਨਿਯਾਂਮਾਵਲੀ 1970 ਦੀ ਧਾਰਾ 8 ਦੇ ਨਿਯਮ 5(v-ix) ਅਧੀਨ ਦੋਸ਼ ਸੂਚੀ ਜਾਰੀ ਕੀਤੀ ਗਈ ਸੀ। ਕਰਮਚਾਰੀ ਵੱਲੋਂ ਦੋਸ਼ ਸੂਚੀ ਦਾ ਉੱਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਇਸ ਦਫਤਰ ਦੇ ਪੱਤਰ ਨੰ: 10/29-11 ਅ-3(4) ਕੋ:ਸ:4/1909-11 ਮਿਤੀ 30-01-15/04.02.15 ਰਾਂਹੀ ਸ਼੍ਰੀ ਪਰਮਜੀਤ ਸਿੰਘ, ਜਿ:ਸਿ:ਅ:(ਸੈਸਿ) ਤਰਨ ਤਾਰਨ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ ਸੀ। ਪੜਤਾਲੀਆ ਅਫਸਰ ਵੱਲੋਂ ਆਪਣੀ ਪੜਤਾਲ ਰਿਪੋਰਟ ਵਿੱਚ ਕਰਮਚਾਰੀ ਦੇ ਵਿਰੁੱਧ ਮਿਤੀ 16-04-2010 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦੇ ਦੋਸ਼ ਸਿੱਧ ਕੀਤੇ ਗਏ ਹਨ।

ਕੁਦਰਤੀ ਨਿਆਂ ਨੂੰ ਮੁੱਖ ਰੱਖਦਿਆਂ ਹੋਇਆ ਸ਼੍ਰੀ ਗੁਰਪ੍ਰੀਤ ਸਿੰਘ, ਸਾਇੰਸ ਮਾਸਟਰ, ਸਸਸਸ ਗੰਡੀਵਿੰਡ, ਜ਼ਿਲ੍ਹਾ ਤਰਨ ਤਾਰਨ ਨੂੰ ਆਪਣੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਕਾਰਨ ਮਿਤੀ 29.10.15 ਨੂੰ ਹਿੰਦੁਸਤਾਨ ਟਾਈਮਜ ਚੰਡੀਗੜ੍ਹ ਵਿੱਚ ਪਬਲਿਕ ਨੋਟਿਸ ਦਿੱਤਾ ਗਿਆ ਜਿਸ ਵਿੱਚ ਕਰਮਚਾਰੀ ਨੂੰ ਮੌਕਾ ਦਿੱਤਾ ਗਿਆ ਕਿ ਉਹ ਆਪਣੇ ਪੱਖ ਵਿੱਚ ਜੇਕਰ ਕੁਝ ਕਹਿਣਾ ਚਾਹੁੰਦਾ ਹੈ ਤਾਂ 21 ਦਿਨਾਂ ਦੇ ਅੰਦਰ-ਅੰਦਰ ਆਪਣਾ ਉੱਤਰ ਦੇਵੇ। ਜੇਕਰ ਉਸ ਵੱਲੋਂ ਮਿੱਥੇ ਸਮੇਂ ਅੰਦਰ ਕੋਈ ਉੱਤਰ ਨਹੀਂ ਦਿੱਤਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦਾ ਅਤੇ ਉਸ ਵਿਰੁੱਧ ਆਰੰਭੀ ਅਨੁਸ਼ਾਸਨੀ ਕਾਰਵਾਈ ਮੁਕੰਮਲ ਕਰਦੇ ਹੋਏ ਉਸ ਨੂੰ ਪੰਜਾਬ ਸਿਵਲ ਸੇਵਾਵਾਂ(ਸਜ਼ਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5(viii) ਤਹਿਤ ਸਰਕਾਰੀ ਸੇਵਾ ਤੋਂ ਹਟਾ ਦਿੱਤਾ ਜਾਵੇਗਾ। ਪਰੰਤੂ ਇਸ ਨੋਟਿਸ ਦੇ ਜਵਾਬ ਵਿੱਚ ਕਰਮਚਾਰੀ ਨੇ ਨਾ ਤਾਂ ਕੋਈ ਉੱਤਰ ਦਿੱਤਾ ਅਤੇ ਨਾ ਹੀ ਡਾਇਰੈਕਟਰ ਸਿੱਖਿਆ ਵਿਭਾਗ(ਸੈਸਿ) ਪੰਜਾਬ ਪਾਸ ਹਾਜਰ ਹੋ ਕੇ ਆਪਣਾ ਪੱਖ ਪੇਸ਼ ਕੀਤਾ। ਇਸ ਤੋਂ ਇਹ ਸਪਸ਼ਟ ਹੈ ਕਿ ਕਰਮਚਾਰੀ ਸਰਕਾਰੀ ਨੌਕਰੀ ਚਾਲੂ ਰੱਖਣ ਵਿੱਚ ਦਿਲਚਸਪੀ ਨਹੀਂ ਰੱਖਦਾ ਅਤੇ ਉਸਨੂੰ ਆਪਣੇ ਵਿਰੁੱਧ ਲੱਗੇ ਦੋਸ਼ਾਂ ਤੋਂ ਇਨਕਾਰੀ ਨਹੀਂ ਹੈ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਵਿਚ ਦਿੱਤੀਆ ਸ਼ਕਤੀਆਂ ਦੀ ਵਰਤੋ ਕਰਦੇ ਹੋਏ ਸ਼੍ਰੀ ਗੁਰਪ੍ਰੀਤ ਸਿੰਘ, ਸਾਇੰਸ ਮਾਸਟਰ, ਸਸਸਸ ਗੰਡੀਵਿੰਡ, ਜ਼ਿਲ੍ਹਾ ਤਰਨ ਤਾਰਨ ਦੇ ਮਿਤੀ 16.04.2010 ਤੋਂ ਹੁਣ ਤੱਕ ਲਗਾਤਾਰ ਜਾਣਬੁਝ ਕੇ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਉਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋਂ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 21358-61
ਮਿਤੀ, ਐਸ.ਏ.ਐਸ.ਨਗਰ :- 4/12/15

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. ਰਜਿ ਜਿਲਾ ਸਿੱਖਿਆ ਅਫਸਰ (ਸੈ:ਸਿ), ਤਰਨ ਤਾਰਨ ਨੂੰ ਕਰਮਚਾਰੀ ਦੀ ਸੇਵਾਪੱਤਰੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰੀ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ, ਸਸਸਸ ਗੰਡੀਵਿੰਡ, ਜ਼ਿਲ੍ਹਾ ਤਰਨ ਤਾਰਨ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਇਹ ਹੁਕਮ ਕਰਮਚਾਰੀ ਦੇ ਮੌਜੂਦਾ ਘਰ ਦੇ ਪੱਤੇ ਤੇ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ, ਕਰਮਚਾਰਣ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ।
4. ਸ਼੍ਰੀ ਗੁਰਪ੍ਰੀਤ ਸਿੰਘ, ਸਾਇੰਸ ਮਾਸਟਰ, ਸਸਸਸ ਗੰਡੀਵਿੰਡ, ਜ਼ਿਲ੍ਹਾ ਤਰਨ ਤਾਰਨ।

ਨੱਥੀ: ਸੇਵਾਪੱਤਰੀ(ਅਸਲ)

4/12/

ਸੁਪਰਡੰਟ ਕੋਆਰਡੀਨੇਸ਼ਨ ਸੈਲ